# ਪੰਜਾਬ ਸਕੂਲ ਸਿੱਖਿਆ ਬੋਰਡ

## (ਰਜਿਸਟ੍ਰੇਸ਼ਨ ਸ਼ਾਖਾ)

### ਸੂਚਨਾ

ਪੰਜਾਬ ਸਕੂਲ ਸਿੱਖਿਆ ਬੋਰਡ ਨਾਲ ਸਬੰਧਤ ਪੰਜਾਬ ਰਾਜ ਦੇ ਸਮੂਹ ਸਰਕਾਰੀ/ਏਡਿਡ/ਐਫ਼ੀਲੀਏਟਿਡ/ਐਸੋਸੀਏਟਿਡ ਸਕੂਲ ਮੁੱਖੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸੈਸ਼ਨ 2024-25 ਲਈ ਬੋਰਡ ਦੀਆਂ ਸਲਾਨਾ ਪ੍ਰੀਖਿਆਵਾਂ ਨਾਲ ਸਬੰਧਤ ਅੱਠਵੀਂ, ਦਸਵੀ ਅਤੇ ਬਾਰ੍ਹਵੀਂ ਸ਼੍ਰੇਣੀਆਂ ਦੇ ਦੂਜੇ ਰਾਜਾਂ/ਬੋਰਡਾਂ ਤੋਂ ਆਉਣ ਵਾਲੇ ਵਿਦਿਆਰਥੀਆਂ ਦੇ ਰਜਿਸਟ੍ਰੇਸ਼ਨ ਨੰਬਰ ਜਾਰੀ ਕਰਨ ਲਈ ਰਜਿਸਟ੍ਰੇਸ਼ਨ/ਕੰਟੀਨਿਊਸ਼ਨ ਸਬੰਧੀ ਕਈ ਸਕੂਲਾਂ ਵੱਲੋਂ ਕਈ ਵਿਦਿਆਰਥੀਆਂ ਦੇ ਦਸਤਾਵੇਜ਼ ਜਮ੍ਹਾਂ ਨਹੀ ਕਰਵਾਏ ਗਏ ਜਾਂ ਅਧੂਰੇ ਹਨ, ਅਜਿਹੇ ਵਿਦਿਆਰਥੀਆਂ ਦੇ ਰਜਿਸਟ੍ਰੇਸ਼ਨ ਨੰਬਰ ਦੀ ਥਾਂ ਦਸਤਾਵੇਜ਼ ਨਾ ਹੋਣ ਕਾਰਨ error ਲਗਾਏ ਗਏ ਹਨ। Errors ਸਬੰਧੀ ਆਪਣੇ ਸਕੂਲ login ID ਦੇ Registration Portal ਅਧੀਨ ਫਾਰਮਾਂ ਵਿੱਚ ਜਾ ਕੇ ਜਾਂ Other Board Registration No. ਲਿੰਕ ਅਧੀਨ ਚੈੱਕ ਕੀਤਾ ਜਾਵੇ ਅਤੇ ਇਨ੍ਹਾਂ ਲੱਗੇ errors ਨੂੰ ਦੂਰ ਕਰਨ ਲਈ ਸਬੰਧਤ ਦਸਤਾਵੇਜ਼ ਰਜਿਸਟ੍ਰੇਸ਼ਨ ਸ਼ਾਖਾ, ਪੰਜਾਬ ਸਕੂਲ ਸਿੱਖਿਆ ਬੋਰਡ, ਮੋਹਾਲੀ ਵਿਖੇ ਮਿਤੀ 31-1-2025 ਤੱਕ ਹਰ ਹਾਲਤ ਵਿੱਚ ਜਮ੍ਹਾਂ ਕਰਵਾਏ ਜਾਣ ਤਾਂ ਜੋ ਅਜਿਹੇ ਵਿਦਿਆਰਥੀਆਂ ਨੂੰ ਸਮੇਂ-ਸਿਰ ਰਜਿਸਟ੍ਰੇਸ਼ਨ ਨੰਬਰ ਜਾਰੀ ਕੀਤੇ ਜਾ ਸਕਣ।

ਜੇਕਰ ਉਪਰੋਕਤ ਅਨੁਸਾਰ ਦਸਤਾਵੇਜ਼ ਸਮੇਂ-ਸਿਰ ਉਪਲੱਬਧ ਨਹੀ ਹੁੰਦੇ ਤਾਂ ਇਹਨਾਂ ਵਿਦਿਆਰਥੀਆਂ ਨੂੰ ਰਜਿਸਟ੍ਰੇਸ਼ਨ ਨੰਬਰ ਜਾਰੀ ਨਹੀਂ ਕੀਤੇ ਜਾਣਗੇ ਅਤੇ ਅਜਿਹੇ ਵਿਦਿਆਰਥੀਆਂ ਨੂੰ ਪ੍ਰੀਖਿਆਵਾਂ ਦੇਣ ਲਈ ਰੋਲ ਨੰਬਰ ਵੀ ਜਾਰੀ ਨਹੀਂ ਕੀਤੇ ਜਾਣਗੇ। ਜੇਕਰ ਕੋਈ ਵਿਦਿਆਰਥੀ ਇਸ ਕਾਰਨ ਪ੍ਰੀਖਿਆ ਦੇਣ ਤੋਂ ਰਹਿ ਜਾਂਦਾ ਹੈ ਤਾਂ ਇਸਦੀ ਨਿਰੋਲ ਜਿੰਮੇਵਾਰੀ ਸਬੰਧਤ ਸਕੂਲ ਮੁੱਖੀ/ਅਧਿਆਪਕਾਂ ਦੀ ਹੀ ਹੋਵੇਗੀ।

14/01/2025

ਸੁਪਰਡੰਟ

ਰਜਿਸਟ੍ਰੇਸ਼ਨ ਸ਼ਾਖਾ